ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਾਕੇਸ਼ ਪ੍ਰਕਾਸ਼,
ਕੇਸਰ ਐਡਵੋਕੇਟ ਸਟਰੀਟ,
ਨਿਊ ਕੋਰਟ ਰੋਡ,
ਮਾਨਸਾ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਮਾਨਸਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:714 ਆਫ 2018**

**ਹਾਜ਼ਰ:**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵਲੋ ਵੀਂ ਕੋਈ ਨਹੀਂ।

**ਹੁਕਮ:**

ਪੇਸ਼ੀ, ਮਿਤੀ 01-11-20118 ਤੇ ਉੱਤਰਦਾਤਾ ਵਲੋਂ ਹਾਜ਼ਰ ਸ਼੍ਰੀ ਗੁਰਕੀਰਤ ਸਿੰਘ, ਕਲਰਕ ਨੇ ਇੱਕ ਪੱਤਰ ਨੰ:617, ਮਿਤੀ 31-10-2018 ਪੇਸ਼ ਕੀਤਾ ਸੀ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਸੀ ਕਿ ਸੂਚਨਾ ਮੁਹੱਈਆ ਕਰਵਾਉਣ ਵਾਲੇ ਕਰਮਚਾਰੀ ਦੇ ਬਿਮਾਰੀ ਕਾਰਨ ਛੁੱਟੀ ਤੇ ਹੋਣ ਕਾਰਨ ਸ਼ਿਕਾਇਤਕਰਤਾ ਨੂੰ ਪਹਿਲਾਂ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕੀ ਸੀ ਪਰੰਤੂ ਬਾਅਦ ਵਿੱਚ ਉਨ੍ਹਾਂ ਦੇ ਪੱਤਰ ਨੰ:616/ਆਰ.ਟੀ.ਆਈ. ਮਿਤੀ 31-10-2018 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਇਹ ਵੀ ਕਿਹਾ ਗਿਆ ਸੀ ਕਿ ਸ਼ਿਕਾਇਤਕਰਤਾ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ ਪਹਿਲੀ ਅਪੀਲੀ ਅਥਾਰਟੀ ਕੋਲ ਵੀ ਨਹੀਂ ਗਿਆ, ਜੋ ਕਿ ਗਲਤ ਹੈ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਕਿਉਂਕਿ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਸੀ। ਇਸ ਕਰਕੇ ਸ਼ਿਕਾਇਤਕਰਤਾ ਨੂੰ ਕਿਹਾ ਗਿਆ ਸੀ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਵੀ ਕਾਪੀ ਭੇਜੀ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 18-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 18-12-20118 ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ ਵੱਲੋਂ ਵੀ ਕੋਈ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸਹਾਇਕ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਵੱਲੋਂ ਪੰਚਾਇਤੀ ਚੋਣਾਂ ਕਾਰਨ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਲਈ ਬੇਨਤੀ ਕੀਤੀ ਗਈ ਸੀ । ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਦੋਵੇਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਸ਼ਿਕਾਇਤਕਰਤਾ ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਉੱਤਰਦਾਤਾ ਵੱਲੋਂ ਉਸ ਨੂੰ ਪੱਤਰ ਨੰ:616/ਆਰ.ਟੀ.ਆਈ. ਮਿਤੀ 31-10-2018 ਰਾਹੀਂ ਭੇਜੀ ਗਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਵੀ ਕਾਪੀ ਭੇਜੀ ਜਾਵੇ। ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਸ਼ਿਕਾਇਤਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆ ਤਰੁੱਟੀਆਂ ਬਾਰੇ ਸੂਚਿਤ ਕੀਤਾ ਜਾਂਦਾ ਹੈ ਤਾਂ ਉਨ੍ਹਾਂ ਨੂੰ ਦੂਰ ਕਰਨ ਉਪਰੰਤ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਉਸ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 26-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

ਮਿਤੀ: ਚੰਡੀਗੜ੍ਹ 28 ਜਨਵਰੀ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਚਸ਼ਮਿੰਦਰ ਕੌਰ, (96466-00131)
ਪੁੱਤਰੀ ਲੇਟ ਸ਼੍ਰੀ ਗੁਰਵਿੰਦਰ ਸਿੰਘ,
825, ਅਨੰਦ ਨਗਰ-ਏ,
ਪਟਿਆਲਾ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਐਸ.ਏ.ਐਸ. ਨਗਰ (ਮੁਹਾਲੀ)। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:927 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਉਸ ਦੇ ਪਿਤਾ ਸ਼੍ਰੀ ਗੁਰਵਿੰਦਰ ਸਿੰਘ (96466-00131)।
2) ਉੱਤਰਦਾਤਾ ਵੱਲੋਂ ਸ਼੍ਰੀ ਨਿਖਿਲ ਬੱਤਾ, ਐਡਵੋਕੇਟ (98141-14155)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 08-06-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਦੇ ਜਨਵਰੀ 2014 ਤੋਂ ਜਨਵਰੀ, 2018 ਤੱਕ ਪੀ.ਟੀ.ਏ. ਫੰਡ ਅਤੇ ਹੋਰ ਮੱਦਾਂ ਨਾਲ ਸਬੰਧਤ 8 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-11-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 17-12-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਗਿਆ ਸੀ। ਸ਼ਿਕਾਇਤਕਰਤਾ ਦੇ ਨੁਮਾਇੰਦੇ ਨੇ ਕਿਹਾ ਸੀ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਨਿਖਿਲ ਬੱਤਾ, ਐਡਵੋਕੇਟ ਨੇ ਸੂਚਨਾ ਦੀ ਕਾਪੀ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਦੇ ਨੁਮਾਇੰਦੇ ਨੂੰ ਦਸਤੀ ਦੇ ਦਿੱਤੀ ਸੀ ਜਿਸ ਦੀ ਇੱਕ ਕਾਪੀ ਕਮਿਸ਼ਨ ਨੂੰ ਵੀ ਪੇਸ਼ ਕੀਤੀ ਗਈ ਸੀ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਸੀ। ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਵੀ ਸਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 21-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 21-01-2019 ਤੇ ਫਿਰ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਸ਼ਿਕਾਇਤਕਰਤਾ ਦੇ ਨੁਮਾਇੰਦੇ ਨੇ ਕਿਹਾ ਸੀ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅੰਮ੍ਰਿਤ ਕੇ. ਸਮਰਾ, ਸਹਾਇਕ ਪ੍ਰੋਫੈਸਰ ਸੂਚਨਾ ਲੈ ਕੇ ਆਏ ਪਰੰਤੂ ਉਸ ਤੇ ਕੋਈ ਕਵਰਿੰਗ ਪੱਤਰ ਨਹੀਂ ਲੱਗਿਆ ਹੋਇਆ ਸੀ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋ

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:927 ਆਫ਼ 2018**

ਕਵਰਿੰਗ ਪੱਤਰ ਸਹਿਤ ਸੂਚਨਾ ਪੇਸ਼ ਕਰਨ ਲਈ ਸਮੇਂ ਦੀ ਮੰਗ ਕੀਤੀ ਗਈ ਸੀ। ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਪੇਸ਼ੀ ਸਮੇਂ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਨਿਖਿਲ ਬੱਤਾ, ਐਡਵੋਕੇਟ ਨੇ ਕਮਿਸ਼ਨ ਨੂੰ ਆਪਣਾ ਜਵਾਬ, ਮਿਤੀ 28-01-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਕੋਲ ਉਪਲਬਧ ਸੂਚਨਾ ਪਹਿਲਾਂ ਹੀ ਸ਼ਿਕਾਇਤਕਰਤਾ ਨੂੰ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋ ਪੇਸ਼ ਕੀਤਾ ਗਿਆ ਜਵਾਬ ਮਿਸਲ ਦੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਉਸ ਦੇ ਪਿਤਾ ਸ਼੍ਰੀ ਗੁਰਵਿੰਦਰ ਸਿੰਘ ਵੱਲੋਂ ਵੀ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ 28 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਚਸ਼ਮਿੰਦਰ ਕੌਰ, (96466-00131)
ਪੁੱਤਰੀ ਸ਼੍ਰੀ ਗੁਰਵਿੰਦਰ ਸਿੰਘ,
825, ਅਨੰਦ ਨਗਰ-ਏ,
ਪਟਿਆਲਾ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮਹਿੰਦਰਾ ਕਾਲਿਜ,
ਪਟਿਆਲਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1066 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਉਸ ਦੇ ਪਿਤਾ ਸ਼੍ਰੀ ਗੁਰਵਿੰਦਰ ਸਿੰਘ (96466-00131)।
2) ਉੱਤਰਦਾਤਾ ਵੱਲੋਂ ਸ਼੍ਰੀ ਨਿਖਿਲ ਬੱਤਾ, ਐਡਵੋਕੇਟ (98141-14155)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਨਿਖਿਲ ਬੱਤਾ, ਐਡਵੋਕੇਟ ਨੇ ਕਿਹਾ ਹੈ ਕਿ ਉਨ੍ਹਾਂ ਕੋਲ ਉਪਲਬਧ ਸੂਚਨਾ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਉਸ ਦੇ ਪਿਤਾ ਸ਼੍ਰੀ ਗੁਰਵਿੰਦਰ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਕਿਉਂਕਿ ਉਸ ਨੂੰ ਐਮ.ਐਸ.ਟੀ. ਬਾਰੇ ਸੂਚਨਾ ਨਹੀਂ ਦਿੱਤੀ ਗਈ। ਇਸ ਲਈ ਉਸ ਵੱਲੋਂ ਐਮ.ਐਸ.ਟੀ. ਬਾਰੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਦੇ ਨੁਮਾਇੰਦੇ ਵੱਲੋਂ ਕਿਹਾ ਗਿਆ ਹੈ ਕਿ ਐਮ.ਐਸ.ਟੀ. ਬਾਰੇ ਸੂਚਨਾ ਰਿਕਾਰਡ ਵਿੱਚ ਉਪਲਬਧ ਨਹੀਂ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ ਤਹਿਤ ਬਣਦੀ ਉਪਲਬਧ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਦਿੱਤੀ ਜਾਵੇ ਅਤੇ ਜੇਕਰ ਕੋਈ ਸੂਚਨਾ ਰਿਕਾਰਡ ਵਿੱਚ ਉਪਲਬਧ ਨਾ ਹੋਵੇ ਤਾਂ ਉਸ ਬਾਰੇ ਤਸਦੀਕ-ਸ਼ੁਦਾ ਹਲਫੀਆ-ਬਿਆਨ ਪੇਸ਼ ਕੀਤਾ ਜਾਵੇ ਅਤੇ ਇੱਕ ਕਾਪੀ ਸ਼ਿਕਾਇ਼ਤਕਰਤਾ ਨੂੰ ਵੀ ਦਿੱਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 04-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ 28 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ

ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਕੇਸ਼ ਕੁਮਾਰ, (98788-27747 )
ਪੁੱਤਰ ਲੇਟ ਸ਼੍ਰੀ ਸੋਹਨ ਲਾਲ,
ਵਾਸੀ ਮਕਾਨ ਨੰ:1508,
ਨਾਲੀ ਮੁਹੱਲਾ, ਸੋਸ਼ਲ ਨਗਰ,
ਦੀਪਕ ਸਿਨੇਮਾ ਰੋਡ,
ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਨਿਗਮ,
ਲਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਗਰ ਨਿਗਮ,
ਲਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2910 ਆਫ 2018**

**ਹਾਜ਼ਰ:-**
1) ਅਪੀਲਕਰਤਾ ਵੱਲੋ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਡਾਕਟਰ ਜ਼ਸਵੀਰ ਕੌਰ (98151-09787), ਐਮ.ਓ.ਐਚ ਅਤੇ ਸ਼੍ਰੀ ਸਤਿੰਦਰ ਸਿੰਘ, ਸੀਨੀਅਰ ਸਹਾਹਿਕ (99887-00522)।

**ਹਕਮ:**

ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਡਾਕਟਰ ਜ਼ਸਵੀਰ ਕੌਰ ਅਪੀਲਕਰਤਾ ਨੂੰ ਮੁਹੱਈਆ ਕੀਤੀ ਜਾਣ ਵਾਲੀ ਸੂਚਨਾ ਲੈ ਕੇ ਹਾਜ਼ਰ ਹੋਈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 26-02-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ** 28 **ਜਨਵਰੀ**, 2019.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜਿੰਦਰ ਕੁਮਾਰ, (98889-79250)
ਪੁੱਤਰ ਸ਼ੀ ਮੇਹਰ ਚੰਦ,
ਵਾਰਡ ਨੰ:2, ਸੁਪਰੀਮ ਐਨਕਲੇਵ,
ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ-151505. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਬਠਿੰਡਾ। -----ਉੱਤਰਦਾਤਾ

**ਅਪੀਲ ਕੇਸ ਨੰ:3415 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਿਆਨ ਚੰਦ, ਕਲਰਕ (94633-73583) ਦਫ਼ਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮਾਨਸਾ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 21-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਆਰ.ਟੀ.ਆਈ.ਐਕਟ,2005 ਤਹਿਤ ਬਣਦੀ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਿਆਨ ਚੰਦ, ਕਲਰਕ, ਅਪੀਲਕਰਤਾ ਨੂੰ ਮੁਹੱਈਆ ਕੀਤੀ ਜਾਣ ਵਾਲੀ ਸੂਚਨਾ ਲੈ ਕੇ ਹਾਜ਼ਰ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਉਸ ਵੱਲੋਂ ਅਪੀਲਕਰਤਾ ਦੇ 3 ਅਪੀਲ ਕੇਸਾਂ, ਨੰ:3415, 3418 ਅਤੇ 3419 ਨਾਲ ਸਬੰਧਤ ਸੂਚਨਾ ਇਕੱਠੀ ਹੀ ਪੇਸ਼ ਕੀਤੀ ਗਈ ਹੈ ਜ਼ੋ ਕਿ ਵਾਜਿਬ ਨਹੀਂ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਰੇਕ ਕੇਸ ਨਾਲ ਸਬੰਧਤ ਵੱਖਰੀ-ਵੱਖਰੀ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਸੂਚਨਾ ਭੇਜਣ ਵਾਲੇ ਕਵਰਿੰਗ ਪੱਤਰ ਸਮੇਤ ਪੋਸਟਲ ਰਸੀਦ, ਦੀ ਕਾਪੀ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 26-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ 28 ਜਨਵਰੀ, 2019.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜਿੰਦਰ ਕੁਮਾਰ, (98889-79250)
ਪੁੱਤਰ ਸ਼ੀ ਮੇਹਰ ਚੰਦ,
ਵਾਰਡ ਨੰ:2, ਸੁਪਰੀਮ ਐਨਕਲੇਵ,
ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ-151505. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਬਠਿੰਡਾ। ------ਉੱਤਰਦਾਤਾ

**ਅਪੀਲ ਕੇਸ ਨੰ: 3418 ਆਫ਼ 2018**

**ਹਾਜ਼ਰ:-**

3) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
4) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਿਆਨ ਚੰਦ, ਕਲਰਕ (94633-73583) ਦਫ਼ਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮਾਨਸਾ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 21-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਆਰ.ਟੀ.ਆਈ.ਐਕਟ,2005 ਤਹਿਤ ਬਣਦੀ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਿਆਨ ਚੰਦ, ਕਲਰਕ, ਅਪੀਲਕਰਤਾ ਨੂੰ ਮੁਹੱਈਆ ਕੀਤੀ ਜਾਣ ਵਾਲੀ ਸੂਚਨਾ ਲੈ ਕੇ ਹਾਜ਼ਰ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਉਸ ਵੱਲੋਂ ਅਪੀਲਕਰਤਾ ਦੇ 3 ਅਪੀਲ ਕੇਸਾਂ, ਨੰ:3415, 3418 ਅਤੇ 3419 ਨਾਲ ਸਬੰਧਤ ਸੂਚਨਾ ਇਕੱਠੀ ਹੀ ਪੇਸ਼ ਕੀਤੀ ਗਈ ਹੈ ਜੋ ਕਿ ਵਾਜਿਬ ਨਹੀਂ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਰੇਕ ਕੇਸ ਨਾਲ ਸਬੰਧਤ ਵੱਖਰੀ-ਵੱਖਰੀ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਸੂਚਨਾ ਭੇਜਣ ਵਾਲੇ ਕਵਰਿੰਗ ਪੱਤਰ ਸਮੇਤ ਪੋਸਟਲ ਰਸੀਦ, ਦੀ ਕਾਪੀ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 26-02-2019 ਨੂੰ ਸਵੇਰੇ 11-30 ਵਜੇ** ਲਈ ਨਿਸ਼ਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ 28 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜਿੰਦਰ ਕੁਮਾਰ, (98889-79250)
ਪੁੱਤਰ ਸ਼ੀ ਮੇਹਰ ਚੰਦ,
ਵਾਰਡ ਨੰ:2, ਸੁਪਰੀਮ ਐਨਕਲੇਵ,
ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ-151505. --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਬਠਿੰਡਾ। -------ਉੱਤਰਦਾਤਾ

**ਅਪੀਲ ਕੇਸ ਨੰ:3419 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਿਆਨ ਚੰਦ, ਕਲਰਕ (94633-73583) ਦਫ਼ਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮਾਨਸਾ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 21-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਆਰ.ਟੀ.ਆਈ.ਐਕਟ,2005 ਤਹਿਤ ਬਣਦੀ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਿਆਨ ਚੰਦ, ਕਲਰਕ, ਅਪੀਲਕਰਤਾ ਨੂੰ ਮੁਹੱਈਆ ਕੀਤੀ ਜਾਣ ਵਾਲੀ ਸੂਚਨਾ ਲੈ ਕੇ ਹਾਜ਼ਰ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਉਸ ਵੱਲੋਂ ਅਪੀਲਕਰਤਾ ਦੇ 3 ਅਪੀਲ ਕੇਸਾਂ, ਨੰ:3415, 3418 ਅਤੇ 3419 ਨਾਲ ਸਬੰਧਤ ਸੂਚਨਾ ਇਕੱਠੀ ਹੀ ਪੇਸ਼ ਕੀਤੀ ਗਈ ਹੈ ਜ਼ੋ ਕਿ ਵਾਜਿਬ ਨਹੀਂ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਰੇਕ ਕੇਸ ਨਾਲ ਸਬੰਧਤ ਵੱਖਰੀ-ਵੱਖਰੀ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਸੂਚਨਾ ਭੇਜਣ ਵਾਲੇ ਕਵਰਿੰਗ ਪੱਤਰ ਸਮੇਤ ਪੋਸਟਲ ਰਸੀਦ, ਦੀ ਕਾਪੀ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 26-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ 28 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜਿੰਦਰ ਕੁਮਾਰ, (98889-79250)
ਪੁੱਤਰ ਸ਼ੀ ਮੇਹਰ ਚੰਦ,
ਵਾਰਡ ਨੰ:2, ਸੁਪਰੀਮ ਐਨਕਲੇਵ,
ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ-151505. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਕਮਿਸ਼ਨਰ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ: 3420 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-06-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਪਵਨਦੀਪ ਸਿੰਘ ਪੁੱਤਰ ਸ਼੍ਰੀ ਛੋਟਾ ਸਿੰਘ, ਵਾਸੀ ਵਾਰਡ ਨੰ:11 ਮਾਨਸਾ ਦੀ ਦਰਖਾਸਤ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਪਹਿਲੀ ਸੁਣਵਾਈ ਮਿਤੀ 18-12-2018 ਨੂੰ ਸਵੇਰੇ 11:30 ਵਜੇ ਲਈ ਮਿਤੀ 19-11-2018 ਨੂੰ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 21-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਆਰ.ਟੀ.ਆਈ.ਐਕਟ,2005 ਤਹਿਤ ਬਣਦੀ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ ਵੱਲੋਂ ਵੀ ਅੱਜ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਈ.ਮੇਲ., ਮਿਤੀ 28-01-2019 ਰਾਹੀਂ ਪੱਤਰ ਨੰ:673/ਆਰ.ਟੀ.ਆਈ., ਮਿਤੀ 28-01-2019 ਭੇਜਿਆ ਗਿਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਵਿਸਥਾਰ-ਪੂਰਵਕ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦੇ ਸਬੰਧ ਵਿਚ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਮਿਤੀ 20-06-2018 ਨੂੰ ਮਿਸਲ ਦਾ ਮੁਆਇਨਾ ਕਰਵਾ ਦਿੱਤਾ ਗਿਆ ਸੀ। ਅਪੀਲਕਰਤਾ ਵੱਲੋਂ 120 ਪੰਨਿਆਂ ਦੀ ਫਾਈਲ ਵਿਚੋਂ 20 ਪੰਨਿਆਂ ਦੀ ਸੂਚਨਾ ਦੀ ਮੰਗ ਕ੍ਰੀਤੀ ਗਈ ਸੀ। ਉੱਤਰਦਾਤਾ ਵੱਲੋਂ ਸੂਚਨਾ ਲਈ ਬਣਦੀ ਫੀਸ ਵਜੋਂ

ਚਲਦਾ---ਪੰਨਾ/2

40/-ਰੁਪਏ (ਕੇਵਲ ਚਾਲ੍ਹੀ ਰੁਪਏ) ਦਾ ਪੋਸਟਲ ਆਰਡਰ ਜਮ੍ਹਾਂ ਕਰਾਉਣ ਲਈ ਕਿਹਾ ਗਿਆ ਸੀ ਜ਼ੋ ਕਿ ਅਪੀਲਕਰਤਾ ਵੱਲੋਂ ਉਸੇ ਦਿਨ ਜਮ੍ਹਾਂ ਕਰਵਾ ਦਿੱਤਾ ਗਿਆ ਸੀ। ਇਸ ਦੇ ਨਾਲ ਹੀ ਅਪੀਲਕਰਤਾ ਵੱਲੋਂ ਇਹ ਵੀ ਕਿਹਾ ਗਿਆ ਸੀ ਕਿ ਉਹ ਸੂਚਨਾ ਨਿੱਜੀ ਪੱਧਰ ਤੇ ਪ੍ਰਾਪਤ ਕਰ ਲਵੇਗਾ ਕਿਉਂਕਿ ਸੂਚਨਾ ਦਾ ਸਬੰਧ ਉਸ ਦੀ ਨਿੱਜਤਾ ਨਾਲ ਸੀ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਮਿਤੀ 03-07-2018 ਨੂੰ ਤਿਆਰ ਕਰਕੇ ਰਿਕਾਰਡ ਵਿੱਚ ਰੱਖ ਲਈ ਗਈ ਸੀ ਪਰੰਤੂ ਅਪੀਲਕਰਤਾ ਨੂੰ ਇਸ ਕਰਕੇ ਨਹੀਂ ਭੇਜੀ ਗਈ ਸੀ ਕਿਉਂਕਿ ਉਸ ਵੱਲੋਂ ਇਹ ਸੂਚਨਾ ਨਿੱਜੀ ਪੱਧਰ ਤੇ ਪ੍ਰਾਪਤ ਕਰਨ ਲਈ ਬੇਨਤੀ ਕੀਤੀ ਹੋਈ ਸੀ ਪਰ ਅਪੀਲਕਰਤਾ ਨੇ ਸੂਚਨਾ ਦਸਤੀ ਪ੍ਰਾਪਤ ਕਰਨ ਲਈ ਉੱਤਰਦਾਤਾ ਨੂੰ ਕਦੇ ਵੀ ਪਹੁੰਚ ਨਹੀਂ ਕੀਤੀ। ਉੱਤਰਦਾਤਾ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਉਨ੍ਹਾਂ ਵੱਲੋਂ ਹੁਣ ਅਪੀਲਕਰਤਾ ਨੂੰ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ।

4. ਉੱਤਰਦਾਤਾ ਵੱਲੋਂ ਅਪੀਲਕਰਤਾ ਦੀ ਮੰਗ ਅਨੁਸਾਰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੇਸ਼ ਕੀਤਾ ਗਿਆ ਜਵਾਬ ਕਮਿਸ਼ਨ ਵੱਲੋ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ 28 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਡਾਕਟਰ ਨਕੁਲ ਕੁੰਦਰਾ, (99883-38210)
#NC-118, ਕੋਟ ਕਿਸ਼ਨ ਚੰਦ,
ਜਲੰਧਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ: 4073 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਰਬਜੀਤ ਸਿੰਘ, ਸੁਪਰਡੰਟ (9417854691)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-04-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਐਕਟਿੰਗ ਪ੍ਰਿੰਸੀਪਲ ਦੀ ਗੈਰ-ਕਾਨੂੰਨੀ ਨਿਯੁਕਤੀ ਬਾਰੇ ਵਾਈਸ ਚਾਂਸਲਰ ਨੂੰ ਭੇਜੇ ਗਏ ਆਪਣੇ ਪੱਤਰ ਮਿਤੀ 10-01-2018 ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਰਬਜੀਤ ਸਿੰਘ, ਸੁਪਰਡੰਟ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲੀ ਅਪੀਲੀ ਅਥਾਰਟੀ ਦੇ ਹੁਕਮ, ਮਿਤੀ 20-07-2018 ਅਨੁਸਾਰ ਪੱਤਰ ਨੰ:696/ਆਰ.ਟੀ.ਆਈ., ਮਿਤੀ 20-08-2018 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਨੁਕਤਾ-ਵਾਰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਇਸ ਬਾਰੇ ਪੱਤਰ ਨੰ:129/ਆਰ.ਟੀ.ਆਈ., ਮਿਤੀ 23-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 28-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ।

4. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਤਰੁੱਟੀਆਂ ਪਾਈਆਂ ਗਈਆਂ ਹਨ ਤਾਂ ਉਨ੍ਹਾਂ ਬਾਰੇ ਸਪੈਸਫਿਕ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਲਿਖਤੀ ਰੂਪ ਵਿੱਚ ਸੂਚਿਤ ਕੀਤਾ ਜਾਵੇ ਅਤੇ ਇੱਕ ਕਾਪੀ ਕਮਿਸ਼ਨ ਨੂੰ ਵੀ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 21-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ 28 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਡਾਕਟਰ ਕੇ.ਕੇ. ਜਿੰਦਲ, (94172-87581)
ਪੁੱਤਰ ਸ਼੍ਰੀ ਤੇਜ ਰਾਮ ਜਿੰਦਲ,
#13843, ਨੇੜੇ ਰੈੱਡ ਕਰਾਸ ਭਵਨ,
ਗਨੇਸ਼ਾ ਬਸਤੀ,
ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸੀਨੀਅਰ ਕਪਤਾਨ, ਪੁਲਿਸ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ,
ਬਠਿੰਡਾ ਰੇਂਜ ਬਠਿੰਡਾ। ------ਉੱਤਰਦਾਤਾ

**ਅਪੀਲ ਕੇਸ ਨੰ: 4111 ਆਫ਼ 2018**

**ਹਾਜ਼ਰ:-**

1) ਡਾਕਟਰ ਕੇ.ਕੇ. ਜਿੰਦਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅੰਗਰੇਜ਼ ਸਿੰਘ, ਏ.ਐਸ.ਆਈ. (94171-34212)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-11-2017, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ,ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਅਪੀਲਕਰਤਾ ਵੱਲੋਂ ਕੋਠੀ ਨੰ:59 ਅਤੇ ਪਲਾਟ ਨੰ:60, ਨੰਗਲ ਕਲੋਨੀ, ਮਾਨਸਾ ਬਾਰੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਕੇਸ ਕੀਤੇ ਹੋਣ ਬਾਰੇ ਗਲਤ ਅਤੇ ਝੂਠੀ ਰਿਪੋਰਟ ਉੱਚ ਅਧਿਕਾਰੀਆਂ ਨੂੰ ਭੇਜਣ ਅਤੇ ਐਫ.ਆਈ.ਆਰ. ਨੰ:39, ਮਿਤੀ 13-06-2015 ਦੀ ਕੈਂਸਲੇਸ਼ਨ ਰਿਪੋਰਟ ਦੀ ਉਚਿੱਤਤਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅੰਗਰੇਜ਼ ਸਿੰਘ, ਏ.ਐਸ.ਆਈ. ਨੇ ਪੱਤਰ ਨੰ:68/ਆਰ.ਟੀ.ਆਈ., ਮਿਤੀ 21-01-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਦੇ ਨੁਕਤਾ ਨੰ:1 ਸਬੰਧੀ ਕੋਠੀ ਅਤੇ ਪਲਾਟ ਦੇ ਕਬਜ਼ੇ ਬਾਰੇ ਹੋਈ ਕਾਰਵਾਈ ਦੀ ਸੂਚਨਾ ਪੱਤਰ ਨੰ:8705/11/15 ਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਮਿਤੀ 16-05-2018 ਨੂੰ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਵਾ ਨੁਕਤਾ ਨੰ:2 ਅਨੁਸਾਰ ਮੁਕੱਦਮਾ ਨੰ:39/15, ਥਾਣਾ ਸਿਟੀ-1 ਮਾਨਸਾ ਮਿਸਲ ਮੁਕੱਦਮਾ ਨਾਲ ਸਬੰਧਤ ਸੂਚਨਾ ਦੇ 95 ਪੰਨੇ ਪ੍ਰਾਰਥੀ ਵੱਲੋਂ ਮਿਤੀ 19-04-2018 ਨੂੰ ਦਸਤੀ ਪ੍ਰਾਪਤ ਕੀਤੇ ਜਾ ਚੁੱਕੇ ਹਨ। ਇਸ ਸਬੰਧੀ ਉੱਤਰਦਾਤਾ ਵੱਲੋਂ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਹੈ ਜਿਸ ਅਨੁਸਾਰ ਅਪੀਲਕਰਤਾ ਵੱਲੋਂ ਮਿਤੀ 19-04-2018 ਨੂੰ ਸੂਚਨਾ ਪ੍ਰਾਪਤ ਕੀਤੀ ਹੋਈ ਹੈ। ਇਸ ਤਰ੍ਹਾਂ ਉੱਤਰਦਾਤਾ ਵੱਲੋ ਕਿਹਾ ਗਿਆ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਬੇਨਤੀ ਕੀਤੀ ਗਈ ਹੈ ਕਿ ਇਹ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇ।

3. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ 28 ਜਨਵਰੀ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਡਾਕਟਰ ਕੇ.ਕੇ. ਜਿੰਦਲ, (94172-87581)
ਪੁੱਤਰ ਸ਼੍ਰੀ ਤੇਜ ਰਾਮ ਜਿੰਦਲ,
#13843, ਨੇੜੇ ਰੈੱਡ ਕਰਾਸ ਭਵਨ,
ਗਨੇਸ਼ਾ ਬਸਤੀ,
ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸੀਨੀਅਰ ਕਪਤਾਨ, ਪੁਲਿਸ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ,
ਬਠਿੰਡਾ ਰੇਂਜ ਬਠਿੰਡਾ। ------ਉੱਤਰਦਾਤਾ

**ਅਪੀਲ ਕੇਸ ਨੰ: 4112 ਆਫ 2018**

**ਹਾਜ਼ਰ:-**

1) ਡਾਕਟਰ ਕੇ.ਕੇ. ਜਿੰਦਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅੰਗਰੇਜ਼ ਸਿੰਘ, ਏ.ਐਸ.ਆਈ. (94171-34212) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਗੁਰਮੀਤ ਸਿੰਘ, ਏ.ਐਸ.ਆਈ. (85588-00171)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-11-2017, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ,ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟ੍ਰਿਬਿਊਨਲ/ਉਪ ਮੰਡਲ ਮੈਜਿਸਟਰੇਟ,ਮਾਨਸਾ ਵੱਲੋਂ ਸੀਨੀਅਰ ਕਪਤਾਨ, ਪੁਲਿਸ,ਮਾਨਸਾ ਨੂੰ ਭੇਜੇ ਗਏ ਹੁਕਮ, ਮਿਤੀ 08-05-2017 ਦੀ ਪਾਲਣਾ ਹਿੱਤ ਢੁਕਵੀਂ ਕਾਰਵਾਈ ਨਾ ਕਰਨ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-01-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅੰਗਰੇਜ਼ ਸਿੰਘ, ਏ.ਐਸ.ਆਈ. ਨੇ ਪੱਤਰ ਨੰ:69/ਆਰ.ਟੀ.ਆਈ., ਮਿਤੀ 21-01-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਦੇ ਨੁਕਤਾ ਨੰ:1 ਸਬੰਧੀ ਪੱਤਰ ਨੰ:1261/ਪੇਸ਼ੀ, ਮਿਤੀ 21-07-2017 ਨਾਲ ਸਬੰਧਤ ਸੂਚਨਾ ਰਜਿਸਟਰਡ ਡਾਕ ਰਾਹੀਂ ਮਿਤੀ 16-05-2018 ਨੂੰ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਵਾ ਨੁਕਤਾ ਨੰ:2, 3, ਅਤੇ 4 ਦੀ ਸੂਚਨਾ ਮਿਤੀ 26-01-2018 ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਇਸ ਤਰ੍ਹਾਂ ਉੱਤਰਦਾਤਾ ਵੱਲੋ ਕਿਹਾ ਗਿਆ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਬੇਨਤੀ ਕੀਤੀ ਗਈ ਹੈ ਕਿ ਇਹ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਸਪੱਸ਼ਟ ਨਹੀਂ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ ਤਹਿਤ ਬਣਦੀ ਨੁਕਤਾ-ਵਾਰ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਸੂਚਨਾ ਭੇਜਣ ਵਾਲੇ ਕਵਰਿੰਗ ਪੱਤਰ ਸਮੇਤ ਪੋਸਟਲ ਰਸੀਦ, ਦੀ ਕਾਪੀ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 26-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ 28 ਜਨਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀਮਤੀ ਬਾਨੋ ਦੇਵੀ,
ਪਤਨੀ ਸ਼੍ਰੀ ਟਹਿਲ ਸਿੰਘ,
ਪਿੰਡ ਥੇਹ ਬਨੇੜਾ,
ਤਹਿਸੀਲ ਗੂਹਲਾ,
ਜ਼ਿਲ੍ਹਾ ਕੈਥਲ (ਹਰਿਆਣਾ)। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,ਜਲੰਧਰ ਡਿਵੀਜ਼ਨ, ਜਲੰਧਰ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ, ਜਲੰਧਰ ਡਿਵੀਜ਼ਨ, ਜਲੰਧਰ। ------ਉੱਤਰਦਾਤਾ

**ਅਪੀਲ ਕੇਸ ਨੰ: 4128 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਰਾਮ, ਰਿਕਾਰਡ ਕੀਪਰ (99141-46602)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਜਲੰਧਰ ਡਿਵੀਜ਼ਨ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਲ ਮੰਤਰੀ, ਪੰਜਾਬ ਵੱਲੋਂ ਕਮਿਸ਼ਨਰ, ਜਲੰਧਰ ਡਿਵੀਜ਼ਨ, ਜਲੰਧਰ ਨੂੰ ਭੇਜੇ ਗਏ ਪੱਤਰ ਨੰ:9065-ਆਰ.ਐਮ.-62 ਤੇ ਕੀਤੀ ਗਈ ਮੁਕੰਮਲ ਕਾਨੂੰਨੀ ਕਾਰਵਾਈ ਆਦਿ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 18-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਆਰ.ਟੀ.ਆਈ.ਐਕਟ,2005 ਤਹਿਤ ਬਣਦੀ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਰਾਮ, ਰਿਕਾਰਡ ਕੀਪਰ, ਨੇ ਪੱਤਰ ਨੰ:ਆਰ.ਕੇ.ਵੀ.ਓ.19/4, ਮਿਤੀ 22-01-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਦੇ ਸਬੰਧ ਵਿੱਚ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:ਆਰ.ਕੇ.ਵੀ.ਓ.18/52, ਮਿਤੀ 14-08-2018 ਅਤੇ ਪੱਤਰ ਨੰ:ਆਰ.ਕੇ.ਵੀ.ਓ.18/55, ਮਿਤੀ 22-08-2018 ਰਾਹੀਂ ਪਹਿਲਾਂ ਹੀ ਜਵਾਬ ਭੇਜਿਆ ਹੋਇਆ ਹੈ ਅਤੇ ਅਪੀਲਕਰਤਾ ਨੂੰ ਕਿਹਾ ਗਿਆ ਹੈ ਕਿ ਉਹ ਕਿਸੇ ਕੰਮ ਵਾਲੇ ਦਿਨ ਦਫ਼ਤਰੀ ਸਮੇਂ ਅੰਦਰ ਦਫਤਰ ਹਾਜ਼ਰ ਹੋ ਕੇ ਮਿਸਲ ਦਾ ਮੁਆਇੰਨਾ ਕਰਕੇ ਲੋੜੀਂਦੀ ਸੂਚਨਾ ਪ੍ਰਾਪਤ ਕਰ ਸਕਦੀ ਹੈ।

4. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੇ ਗਏ ਉੱਤਰ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਨੂੰ ਭੇਜਿਆ ਗਿਆ ਉੱਤਰ ਸਹੀ ਨਹੀਂ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਨੁਕਤਾ-ਵਾਰ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਸੂਚਨਾ ਭੇਜਣ ਵਾਲੇ ਕਵਰਿੰਗ ਪੱਤਰ ਸਮੇਤ ਪੋਸਟਲ ਰਸੀਦ, ਦੀ ਕਾਪੀ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ 28 ਜਨਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਮੇਵਾ ਸਿੰਘ, (94173-60789)
ਪੁੱਤਰ ਸ਼੍ਰੀ ਬੀਰਬਲ ਸਿੰਘ,
ਵਾਰਡ ਨੰ:3, ਉੱਡਤ ਰੋਡ, ਬੋਹਾ,
ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਬੋਹਾ,
ਜ਼ਿਲ੍ਹਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪੰਜਾਬ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 4130 ਆਫ਼ 2018**

**ਹਾਜ਼ਰ:-**

1) ਸ਼੍ਰੀ ਮੇਵਾ ਸਿੰਘ, ਅਪੀਲਕਰਤਾਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਧਰਮ ਪਾਲ, ਇੰਸਪੈਕਟਰ (99152-58640)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-07-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਬੋਹਾ, ਜ਼ਿਲ੍ਹਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਪੰਚਾਇਤ, ਬੋਹਾ ਦੇ ਹੱਦ ਵਿੱਚ ਆਉਣ ਸਮੇਂ ਤੋਂ ਕੋਆਪ੍ਰੇਟਿਵ ਸੁਸਾਇਟੀ ਵਿਖੇ ਨਗਰ ਪੰਚਾਇਤ ਦੀ 10 ਮਰਲੇ ਜ਼ਮੀਨ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਧਰਮ ਪਾਲ, ਇੰਸਪੈਕਟਰ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ:971, ਮਿਤੀ 26-10-2018 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਜੋ ਕਿ ਅਪੀਲਕਰਤਾ ਵੱਲੋਂ ਮਿਤੀ 31-10-2018 ਨੂੰ ਪ੍ਰਾਪਤ ਵੀ ਕੀਤੀ ਹੋਈ ਹੈ। ਉੱਤਰਦਾਤਾ ਵੱਲੋਂ ਇਸ ਬਾਰੇ ਪੱਤਰ ਨੰ:58, ਮਿਤੀ 14-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਦਿੱਤੀ ਗਈ ਸੂਚਨਾ ਸਹੀ ਨਹੀਂ ਅਤੇ ਅਧੂਰੀ ਹੈ।

3. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਅਸਪੱਸ਼ਟ ਹੋਣ ਕਾਰਨ ਤਸੱਲੀਬਖਸ਼ ਨਹੀਂ ਹੈ। ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ ਕਿ ਅਪੀਲਕਰਤਾ ਨੂੰ ਕਿਵੇਂ ਸਪੱਸ਼ਟ ਸੂਚਨਾ ਮੁਹੱਈਆ ਕਰਵਾਈ ਜਾਣੀ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ, ਨੁਕਤਾ-ਵਾਰ, ਸਪੱਸ਼ਟ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਸੂਚਨਾ ਭੇਜਣ ਵਾਲੇ ਕਵਰਿੰਗ ਪੱਤਰ ਸਮੇਤ ਪੋਸਟਲ ਰਸੀਦ, ਦੀ ਕਾਪੀ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ 28 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**